pstcl
PUNJAB STATE TRANSMISSION CORPORATION LIMITED

ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਰਜਿ: ਦਫ: ਪੀ.ਐਸ.ਈ.ਬੀ.,ਹੈਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ)
Corporate Identity Number: U40109PB2010SGC033814
ਦਫ: ਉੱਪ ਮੁੱਖ ਇੰਜੀ:/ਐਚ ਆਰ ਅਤੇ ਪ੍ਰਬੰਧਕੀ, ਸ਼ਕਤੀ ਸਦਨ ਪਟਿਆਲਾ

ਫੈਕਸ ਨੰ:- 0175-2220054 ਟੈਲੀਫੋਨ ਨੰ:- 0175-2970693 ਵੈਬਸਾਇਟ : pstcl.org

ਵੱਲ

1. ਪ੍ਰਮੁੱਖ ਇੰਜੀ:/ਪੀ ਤੇ ਐਮ., ਪੀ.ਐਸ.ਟੀ.ਸੀ.ਐਲ, ਪਟਿਆਲਾ।
2. ਉਪ ਸਕੱਤਰ/ਅਮਲਾ, ਪੀ.ਐਸ.ਟੀ.ਸੀ.ਐਲ, ਪਟਿਆਲਾ।
3. ਸੀਨੀ:ਕਾ:ਕਾ:ਇੰਜੀ:/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 8501/03 /Sen/Circle Asstt/24 ਮਿਤੀ: 29/08/24

ਵਿਸ਼ਾ:- ਹਲਕਾ ਸਹਾਇਕ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ (ਸਮਾਂ 01.08.2023 ਤੋਂ 31.03.2024 ਤੱਕ) ਸੂਚੀ ਜਾਰੀ ਕਰਨ ਸਬੰਧੀ ।

ਪੀ.ਐਸ.ਟੀ.ਸੀ.ਐਲ.ਵੱਲੋਂ ਤਰੱਕੀ ਰਾਹੀਂ ਤੈਨਾਂਤ ਕੀਤੇ ਹਲਕਾ ਸਹਾਇਕ ਕਰਮਚਾਰੀਆਂ ਦੀ ਮਿਤੀ 01.08.2023 ਤੋਂ 31.03.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕੀਤੀ ਗਈ ਹੈ। ਇਹ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਹਲਕਾ ਸਹਾਇਕ ਕਰਮਚਾਰੀਆਂ ਦੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਕੇ ਜੇਕਰ ਕਿਸੇ ਕਰਮਚਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ ਅਤੇ ਵੇਰਵੇ ਉਹਨਾਂ ਦੀਆਂ ਸੇਵਾ ਪੱਤਰੀਆਂ ਤੋ ਜਾਂਚ ਲਏ ਜਾਣ ।

ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਾਰੇ ਸਬੰਧਤ ਕਰਮਚਾਰੀਆਂ ਤੋਂ ਨੋਟ ਕਰਵਾ ਲਈ ਜਾਵੇ।ਜੇਕਰ ਕੋਈ ਕਰਮਚਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਸਹੀ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਸਬੰਧਤ ਕਰਮਚਾਰੀ ਦਾ ਨਾਮ ਇਸ ਸੀਨੀਆਰਤਾ ਸੂਚੀ ਵਿੱਚ ਦਰਜ ਹੋਣ ਤੋ ਰਹਿ ਗਿਆ ਹੋਵੇ ਜਾਂ ਕਿਸੇ ਕਰਮਚਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ ਇੱਕ ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਖੇਚਲ ਕਰੇ।ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਮਿੱਥੇ ਸਮੇਂ ਤੋ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਪ੍ਰਤੀ ਬੇਨਤੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਤਬਦੀਲੀ ਨਾਂ ਹੋਣ ਦੀ ਸੂਰਤ ਵਿੱਚ ਇਹ ਸੀਨੀਆਰਤਾ ਸੂਚੀ ਖੁਦ-ਬ-ਖੁਦ ਪੂਰਨ ਅਤੇ ਸਹੀ ਸਮਝੀ ਜਾਵੇਗੀ ।

ਇਥੇ ਇਹ ਵੀ ਵਰਨਣ ਯੋਗ ਹੈ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ:-

(1) ਇਸ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ, ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਕਰਮਚਾਰੀ ਨੂੰ ਡੀਮ ਤਰੱਕੀ/ਜੂਨੀਅਰ ਕਰਮਚਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਕਰਮਚਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ਜੀ।

ਨੱਥੀ/ਹਲਕਾ ਸਹਾਇਕ ਦੀ
ਟੈਨਟੇਟਿਵ ਸੀਨੀਆਰਤਾ ਸੂਚੀ।

29/8/24

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner

ਹਲਕਾ ਸਹਾਇਕ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ (ਸਮਾਂ 01.08.23 ਤੋਂ 31.03.24 ਤੱਕ) ਸੂਚੀ

| Sr. No | ਕਰਮਚਾਰਨ/ ਪਿਤਾ ਦਾ ਨਾ (ਸ਼੍ਰੀਮਤੀ/ਸ਼੍ਰੀ) | ਆਈ. ਡੀ.ਨੰ: | ਸੀਨੀ ਬਤੌਰ UDC | ਸੀਨੀ ਬਤੌਰ Circle Asstt. | ਜਨਮ ਮਿਤੀ | ਪੀ.ਐਸ.ਟੀ.ਸੀ.ਐਲ ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ | ਵਿਸ਼ੇਸ਼ ਕਥਨ |
|---|---|---|---|---|---|---|---|---|---|
| 1 | ਲਵਪ੍ਰੀਤ ਕੌਰ/ ਗੁਰਦਿਆਲ ਸਿੰਘ | 606090 | 54 | 37 | 29.04.92 | 13.09.17 | 06.03.24 | ਜਨਰਲ | |

21/8/24

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈਲ,
ਪੀਐਸਟੀਸੀਐਲ, ਪਟਿਆਲਾ

Scanned with OKEN Scanner